# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-06-2024**

ਕੌਮੀ ਜਮਹੂਰੀ ਗਠਜੋੜ- NDA ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸਰਬਸੰਮਤੀ ਨਾਲ ਆਪਣਾ ਨੇਤਾ ਚੁਣ ਕੇ, ਕੇਂਦਰ ਵਿੱਚ ਨਵੀਂ ਸਰਕਾਰ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ। ਕੱਲ੍ਹ ਨਵੀਂ ਦਿੱਲੀ ਵਿੱਚ ਹੋਈ NDA ਆਗੂਆਂ ਦੀ ਮੀਟਿੰਗ ਵਿੱਚ ਪਾਸ ਕੀਤੇ ਮਤੇ ਵਿੱਚ ਕਿਹਾ ਗਿਆ ਏ, ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ 'ਚ NDA ਸਰਕਾਰ ਦੇ ਕਾਰਜਕਾਲ ਵਿੱਚ ਭਾਰਤ ਨੇ, ਪਿਛਲੇ 10 ਸਾਲਾਂ ਵਿੱਚ ਹਰ ਖੇਤਰ ਵਿੱਚ ਸਰਬਪੱਖੀ ਵਿਕਾਸ ਕੀਤਾ ਏ। ਮਤੇ ਵਿੱਚ ਇਹ ਵੀ ਕਿਹਾ ਗਿਆ ਏ, ਕਿ ਦੇਸ਼ ਦੇ ਲੋਕਾਂ ਨੇ ਛੇ ਦਹਾਕਿਆਂ ਬਾਅਦ ਲਗਾਤਾਰ ਤੀਜੀ ਵਾਰ, ਪੂਰਨ ਬਹੁਮਤ ਨਾਲ ਮਜ਼ਬੂਤ ਲੀਡਰਸ਼ਿਪ ਦੀ ਚੋਣ ਕੀਤੀ ਏ। ਇਸ ਮੌਕੇ ਸ਼੍ਰੀ ਮੋਦੀ ਨੇ ਕਿਹਾ ਕਿ ਲਗਾਤਾਰ ਤੀਜੀ ਵਾਰ ਸਰਕਾਰ ਬਣਾਉਣ ਦਾ ਇਹ ਇਤਿਹਾਸਕ

ਫਤਵਾ ਏ । ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ ਇਲਾਵਾ, ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਜਗਤ ਪ੍ਰਕਾਸ਼ ਨੱਡਾ, ਰਾਜਨਾਥ ਸਿੰਘ ਅਤੇ ਅਮਿਤ ਸ਼ਾਹ ਸਮੇਤ ਹੋਰਨਾਂ ਆਗੂਆਂ ਨੇ ਵੀ ਸ਼ਿਰਕਤ ਕੀਤੀ ।

----------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਦੇ ਨਤੀਜੇ ਆਉਣ ਤੋਂ ਬਾਅਦ, ਹੁਣ ਅਗਲੇ 6 ਮਹੀਨਿਆਂ ਵਿੱਚ 5 ਵਿਧਾਨ ਸਭਾ ਹਲਕਿਆਂ ਲਈ ਜ਼ਿਮਨੀ ਚੋਣਾਂ ਹੋਣਗੀਆਂ । ਸੰਗਰੂਰ ਲੋਕ ਸਭਾ ਹਲਕੇ ਤੋਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਚੋਣ ਜਿੱਤ ਲਈ ਏ । ਇਸ ਲਈ ਉਨ੍ਹਾਂ ਦੀ ਬਰਨਾਲਾ ਵਿਧਾਨ ਸਭਾ ਸੀਟ ਖ਼ਾਲੀ ਹੋ ਜਾਵੇਗੀ । ਇਸੇ ਤਰ੍ਹਾਂ ਗਿੱਦੜਬਾਹਾ ਵਿਧਾਨ ਸਭਾ ਸੀਟ ’ਤੇ ਵੀ ਜ਼ਿਮਨੀ ਚੋਣ ਹੋਵੇਗੀ, ਕਿਉਂਕਿ ਗਿੱਦੜਬਾਹਾ ਤੋਂ ਕਾਂਗਰਸ ਵਿਧਾਇਕ ਅਤੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਲੁਧਿਆਣਾ ਲੋਕ ਸਭਾ ਸੀਟ ਤੋਂ ਚੁਣੇ ਗਏ ਨੇ । ਡੇਰਾ ਬਾਬਾ ਨਾਨਕ ਵਿਧਾਨਸਭਾ ਹਲਕੇ ਤੋਂ ਕਾਂਗਰਸ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਨੇ ਗੁਰਦਾਸਪੁਰ ਲੋਕ ਸਭਾ ਹਲਕੇ

ਤੋਂ ਚੋਣ ਜਿੱਤ ਲਈ ਏ, ਇਸ ਲਈ ਡੇਰਾ ਬਾਬਾ ਨਾਨਕ ਹਲਕੇ ਨੂੰ ਵੀ ਖ਼ਾਲੀ ਐਲਾਨ ਦਿੱਤਾ ਜਾਵੇਗਾ। ਚੱਬੇਵਾਲ ਵਿਧਾਨ ਸਭਾ ਸੀਟ ਦੀ ਨੁਮਾਇਦਗੀ ਕਰਨ ਵਾਲੇ ਵਿਧਾਇਕ ਡਾ. ਰਾਜ ਕੁਮਾਰ ਚੱਬੇਵਾਲ, ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਚੁਣੇ ਗਏ ਨੇ ਅਤੇ ਚੱਬੇਵਾਲ ਵਿਧਾਨ ਸਭਾ ਸੀਟ ’ਤੇ ਵੀ ਜ਼ਿਮਨੀ -ਚੋਣ ਹੋਵੇਗੀ। ਏਧਰ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਪਹਿਲਾਂ ਹੀ ਖ਼ਾਲੀ ਐਲਾਨ ਚੁੱਕੇ ਨੇ, ਕਿਉਂਕਿ ਉਨ੍ਹਾਂ ਵਿਧਾਇਕ ਸ਼ੀਤਲ ਅੰਗੁਰਾਲ ਦਾ ਵਿਧਾਨ ਸਭਾ ਮੈਂਬਰਸ਼ਿਪ ਤੋਂ ਅਸਤੀਫ਼ਾ ਪ੍ਰਵਾਨ ਕਰ ਲਿਆ ਏ। ਇਸ ਹਲਕੇ ਨੂੰ ਖ਼ਾਲੀ ਐਲਾਨਣ ਪਿੱਛੋਂ, ਇਥੇ ਵੀ ਜ਼ਿਮਨੀ ਚੋਣ ਕਰਵਾਉਣ ਦਾ ਰਾਹ ਪੱਧਰਾ ਹੋ ਗਿਆ ਏ।

---

ਲੁਧਿਆਣਾ ਦੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਨੇ ਕਿਹਾ ਏ, ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੀ ਹੜ੍ਹ ਵਰਗੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਏ। ਕਲ ਇੱਕ ਵਰਚੁਅਲ ਸਮੀਖਿਆ ਮੀਟਿੰਗ ਵਿੱਚ ਮੇਜਰ ਸਰੀਨ ਨੇ, ਜ਼ਿਲ੍ਹੇ ਵਿੱਚ ਹੜ੍ਹ ਪ੍ਰਬੰਧਨ

ਬਾਰੇ ਸਾਰੇ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ ਕੀਤੇ । ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਵਿੱਚ ਨਿਯੁਕਤ ਕੀਤੇ ਜਾਣ ਵਾਲੇ ਸਟਾਫ਼ ਦੇ, ਡਿਊਟੀ ਰੋਸਟਰ ਨੂੰ ਜਲਦ ਤੋਂ ਜਲਦ ਅੰਤਿਮ ਰੂਪ ਦਿੱਤਾ ਜਾਵੇ । ਉਨ੍ਹਾਂ ਅਧਿਕਾਰੀਆਂ ਨੂੰ ਸਤਲੁਜ ਅਤੇ ਬੁੱਢਾ ਦਰਿਆ ਦੇ ਬੰਨ੍ਹਾਂ ਸਮੇਤ, ਕਿਸੇ ਵੀ ਹੜ੍ਹ ਦੀ ਸੰਭਾਵਨਾ ਵਿੱਚ ਨੁਕਸਾਨ ਨੂੰ ਘੱਟ ਕਰਨ ਲਈ ਹੜ੍ਹ ਸੰਭਾਵੀ ਸੰਵੇਦਨਸ਼ੀਲ ਥਾਵਾਂ ਨੂੰ ਮਜ਼ਬੂਤ ਕਰਨ ਲਈ ਵੀ ਕਿਹਾ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰਸਾਤ ਦੇ ਮੌਸਮ ਦੇ ਮੱਦੇਨਜ਼ਰ, ਕਿਸੇ ਵੀ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ ।

-------------------------------------------------------

ਜਲੰਧਰ ਸਮੇਤ ਪੰਜਾਬ ਦੇ ਕਈ ਜ਼ਿਲਿਆਂ ਵਿੱਚ ਬੀਤੀ ਦੇਰ ਸ਼ਾਮ ਅਚਾਨਕ ਆਏ ਤੇਜ ਹਨੇਰੀ ਝੱਖੜ ਨਾਲ ਰੁੱਕ-ਰੁੱਕ ਕੇ ਪਏ ਮੀਂਹ ਨੇ, ਜਨ ਜੀਵਨ ਅਸਤ ਵਿਅਸਤ ਕਰ ਦਿੱਤਾ, ਹਾਲਾਂਕਿ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਥੋੜ੍ਹੀ ਰਾਹਤ ਮਿਲੀ ਏ । ਤਾਪਮਾਨ ਵਿਚ 5,9 ਡਿਗਰੀ ਸੈਲਸੀਅਸ ਤਕ ਦੀ ਗਿਰਾਵਟ ਦਰਜ਼ ਕੀਤੀ ਗਈ ਏ ।

ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਪਿਛਲੇ ਕਈ ਦਿਨਾਂ ਤੋਂ ਜਿੱਥੇ ਗਰਮੀ ਨੇ ਵੱਟ ਕਢਾਏ ਹੋਏ ਨੇ ਨਾਲ ਹੀ ਲੂ ਨੇ ਵੀ ਲੋਕਾਂ ਦਾ ਘਰੋਂ ਨਿਕਲਣਾ ਔਖਾ ਕੀਤਾ ਹੋਇਆ ਏ ਪਰ ਬੀਤੀ ਦੇਰ ਸ਼ਾਮ ਅਚਾਨਕ ਤੇਜ ਹਨੇਰੀ ਝੱਖੜ ਨਾਲ ਪਏ ਮੀਂਹ ਨੇ ਅੱਤ ਦੀ ਗਰਮੀ ਤੋਂ ਮਾਮੂਲੀ ਰਾਹਤ ਦਿੱਤੀ ਏ । 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਵਗੇ ਇਸ ਤੇਜ਼ ਹਨੇਰੀ ਝੱਖੜ ਨਾਲ ਕਈ ਜ਼ਿਲਿਆਂ ਵਿੱਚ ਸਾਈਨ ਬੋਰਡ ਤੇ ਰੁੱਖ ਉੱਖੜ ਗਏ ਅਤੇ ਬਿਜਲੀ ਗੁੱਲ ਹੋ ਗਈ । ਸੜਕਾਂ 'ਤੇ ਜਾ ਰਹੇ ਲੋਕਾਂ ਨੂੰ ਵੀ ਧੂੜ ਭਰੇ ਤੂਫਾਨ ਕਾਰਨ ਹਾਦਸਿਆਂ ਦਾ ਸ਼ਿਕਾਰ ਹੋਣ ਤੋਂ ਬਚਣ ਲਈ ਸੜਕ ਕਿਨਾਰੇ ਖੜ੍ਹੇ ਹੋਣਾ ਪਿਆ । ਜਲੰਧਰ ਸ਼ਹਿਰ ਦੇ ਕਈ ਇਲਾਕੇ ਘੰਟਿਆਂਬੱਧੀ ਹਨੇਰੇ ਵਿੱਚ ਡੁੱਬੇ ਰਹੇ । ਬਦਲੇ ਮੌਸਮ ਨਾਲ ਤਾਪਮਾਨ ਘਟਿਆ ਏ ਅਤੇ ਪਿਛਲੇ 24 ਘੰਟਿਆਂ ਦੌਰਾਨ ਤਾਪਮਾਨ 'ਚ 1. 2 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ । ਮੌਸਮ ਵਿਭਾਗ ਨੇ 18 ਜ਼ਿਲ੍ਹਿਆਂ ਲਈ ਆਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਏ । ਇਸ

***<u>ਦੌਰਾਨ 40 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਵਗਨਗੀਆਂ ਅਤੇ ਨਾਲ ਹੀ ਮੀਂਹ ਵੀ ਪਵੇਗਾ ।</u>***

---------------------------------------------------

ਇਸ ਦੌਰਾਨ ਪਟਿਆਲ਼ਾ ਵਿਚ ਤੇਜ਼ ਹਨੇਰੀ ਨੇ ਇਕ ਸੀਨੀਅਰ ਪੱਤਰਕਾਰ ਅਵਿਨਾਸ਼ ਕੰਬੋਜ ਦੀ ਜਾਨ ਲੈ ਲਈ। ਬੀਤੀ ਰਾਤ ਉਹ ਤੇਜ਼ ਹਨੇਰੀ ਦੀ ਕਵਰੇਜ ਕਰਨ ਲਈ ਘਰੋਂ ਨਿਕਲੇ ਸਨ, ਕਿ ਇਕ ਪਾਰਕ ਲਾਗੇ ਅਚਾਨਕ ਬਿਜਲੀ ਦਾ ਵੱਡਾ ਖੰਬਾ ਉਨਾਂ 'ਤੇ ਆ ਕੇ ਡਿਗ ਪਿਆ। ਲੋਕ ਉਨਾਂ ਨੂੰ ਹਸਪਤਾਲ ਲੈ ਗਏ ਜਿਥੇ ਉਨਾਂ ਨੂੰ ਮ੍ਰਿਤਕ ਐਲਾਨਿਆ ਗਿਆ। ਓਨਾ ਦੀ ਇਸ ਬੇ ਵਕਤੀ ਮੌਤ ਕਾਰਨ ਪਟਿਆਲਾ ਦੇ ਪੱਤਰਕਾਰ ਭਾਈਚਾਰੇ 'ਚ ਸੋਗ ਦੀ ਲਹਿਰ ਦੌੜ ਗਈ ਏ । ਸਾਡੇ ਪਤਰਕਾਰ ਅਨੁਸਾਰ ਸੂਬੇ ਦੇ ਮੁਖ ਸਕੱਤਰ ਅਨੁਰਾਗ ਵਰਮਾ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਨੂੰ ਪੀੜਤ ਪਰਿਵਾਰ ਦੀ ਮਦਦ ਕਰਨ ਤੇ ਅਣਗਿਹਲੀ ਵਰਤਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਹੁਕਮ ਦਿੱਤੇ ਨੇ।